ਗਉੜੀ ਪੂਰਬੀ ਮਹਲਾ ੪ ॥ ਕਰਹੁ ਕ੍ਰਿਪਾ ਜਗਜੀਵਨ ਦਾਤੇ ਮੇਰਾ ਮਨੁ ਹਰਿ ਸੇਤੀ ਰਾਚੇ ॥ ਸਤਿਗੁਰਿ ਬਚਨੁ ਦੀਓ ਅਤਿ ਨਿਰਮਲੁ ਜਪਿ ਹਰਿ ਹਰਿ ਹਰਿ ਮਨੁ ਮਾਚੇ ॥੧॥ ਰਾਮ ਮੇਰਾ ਮਨੁ ਤਨੁ ਬੇਧਿ ਲੀਓ ਹਰਿ ਸਾਚੇ ॥ ਜਿਹ ਕਾਲ ਕੈ ਮੁਖਿ ਜਗਤੁ ਸਭੁ ਗ੍ਰਸਿਆ ਗੁਰ ਸਤਿਗੁਰ ਕੈ ਬਚਨਿ ਹਰਿ ਹਮ ਬਾਚੇ ॥੧॥ ਰਹਾਉ ॥ ਜਿਨ ਕਉ ਪ੍ਰੀਤਿ ਨਾਹੀ ਹਰਿ ਸੇਤੀ ਤੇ ਸਾਕਤ ਮੂੜ ਨਰ ਕਾਚੇ ॥ ਤਿਨ ਕਉ ਜਨਮੁ ਮਰਣੁ ਅਤਿ ਭਾਰੀ ਵਿਚਿ ਵਿਸਟਾ ਮਰਿ ਮਰਿ ਪਾਚੇ ॥ ੨॥ ਤੁਮ ਦਇਆਲ ਸਰਣਿ ਪ੍ਰਤਿਪਾਲਕ ਮੋ ਕਉ ਦੀਜੈ ਦਾਨੁ ਹਰਿ ਹਮ ਜਾਚੇ ॥ ਹਰਿ ਕੇ ਦਾਸ ਦਾਸ ਹਮ ਕੀਜੈ ਮਨੁ ਨਿਰਤਿ ਕਰੇ ਕਰਿ ਨਾਚੇ ॥੩॥ ਆਪੇ ਸਾਹ ਵਡੇ ਪ੍ਰਭ ਸੁਆਮੀ ਹਮ ਵਣਜਾਰੇ ਹਹਿ ਤਾ ਚੇ ॥ ਮੇਰਾ ਮਨੁ ਤਨੁ ਜੀਉ ਰਾਸਿ ਸਭ ਤੇਰੀ ਜਨ ਨਾਨਕ ਕੇ ਸਹ ਪ੍ਰਭ ਸਾਚੇ ॥੪॥੩॥੧੭॥੫੫॥ {ਪੰਨਾ 169}

ਪਦਅਰਥ:- ਰਾਚੇ—ਰਚਿਆ ਰਹੇ, ਮਸਤ ਰਹੇ। ਸਤਿਗੁਰਿ—ਗੁਰੂ ਨੇ। ਬਚਨੁ—ਉਪਦੇਸ਼। ਮਾਚੇ—ਮੱਚਦਾ ਹੈ, ਖ਼ੁਸ਼ ਹੁੰਦਾ ਹੈ।1।

ਬੇਧਿ ਲੀਓ—ਵਿੰਨ੍ਹ ਲਿਆ। ਸਾਚੇ—ਸਦਾ ਕਾਇਮ ਰਹਿਣ ਵਾਲੇ ਨੇ। ਕਾਲ—ਆਤਮਕ ਮੌਤ। ਮੁਖਿ—ਮੂੰਹ ਵਿਚ। ਗ੍ਰਸਿਆ—ਨਿਗਲਿਆ ਹੋਇਆ। ਬਾਚੇ—ਬਚ ਗਏ ਹਾਂ।1। ਰਹਾਉ।

ਸੇਤੀ—ਨਾਲ। ਸਾਕਤ—ਰੱਬ ਨਾਲੋਂ ਟੁੱਟੇ ਹੋਏ, ਮਾਇਆ-ਵੇੜ੍ਹੇ। ਕਾਚੇ—ਕਮਜ਼ੋਰ ਜੀਵਨ ਵਾਲੇ। ਵਿਸਟਾ—ਵਿਕਾਰਾਂ ਦਾ ਗੰਦ। ਮਰਿ—ਆਤਮਕ ਮੌਤ ਸਹੇੜ ਕੇ। ਪਾਚੇ—ਦੁਖੀ ਹੁੰਦੇ ਹਨ।2।

ਸਰਣਿ ਪ੍ਰਤਿਪਾਲਕ—ਸਰਨ ਆਏ ਦੀ ਰੱਖਿਆ ਕਰਨ ਵਾਲਾ। ਕਉ—ਨੂੰ। ਮੋ ਕਉ—ਮੈਨੂੰ। ਜਾਚੇ—ਮੰਗਦਾ ਹਾਂ। ਨਿਰਤਿ—ਨਾਚ।3।

ਤਾ ਚੇ—ਉਸ ਦੇ। ਚੇ—ਦੇ। ਰਾਸਿ—ਪੂੰਜੀ, ਸਰਮਾਇਆ।4।

ਅਰਥ:- ਹੇ ਰਾਮ! ਹੇ ਸਦਾ ਕਾਇਮ ਰਹਿਣ ਵਾਲੇ ਹਰੀ! ਤੂੰ (ਮਿਹਰ ਕਰ ਕੇ) ਮੇਰੇ ਮਨ ਨੂੰ ਮੇਰੇ ਤਨ ਨੂੰ (ਆਪਣੇ ਚਰਨਾਂ ਵਿਚ) ਵਿੰਨ੍ਹ ਲਿਆ ਹੈ। ਜਿਸ ਆਤਮਕ ਮੌਤ ਦੇ ਮੂੰਹ ਵਿਚ ਸਾਰਾ ਸੰਸਾਰ ਨਿਗਲਿਆ ਹੋਇਆ ਹੈ, (ਉਸ ਆਤਮਕ ਮੌਤ ਤੋਂ) ਮੈਂ ਸਤਿਗੁਰੂ ਦੇ ਉਪਦੇਸ਼ (ਦੀ ਬਰਕਤਿ) ਨਾਲ ਬਚ ਗਿਆ ਹਾਂ।1। ਰਹਾਉ।

ਹੇ ਜਗਤ ਦੇ ਜੀਵਨ! ਹੇ ਦਾਤਾਰ! ਕਿਰਪਾ ਕਰ, ਮੇਰਾ ਮਨ ਤੇਰੀ ਯਾਦ ਵਿਚ ਮਸਤ ਰਹੇ। (ਤੇਰੀ ਕਿਰਪਾ ਨਾਲ) ਸਤਿਗੁਰੂ ਨੇ ਮੈਨੂੰ ਬਹੁਤ ਪਵਿਤ੍ਰ ਉਪਦੇਸ਼ ਦਿੱਤਾ ਹੈ, ਹੁਣ ਮੇਰਾ ਮਨ ਹਰਿ-ਨਾਮ ਜਪ ਜਪ ਕੇ ਖ਼ੁਸ਼ ਹੋ ਰਿਹਾ ਹੈ।1।

ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ (ਦੇ ਚਰਨਾਂ) ਨਾਲ ਪ੍ਰੀਤਿ ਪ੍ਰਾਪਤ ਨਹੀਂ ਹੋਈ, ਉਹ ਮਾਇਆ-ਵੇੜ੍ਹੇ ਮੂਰਖ ਮਨੁੱਖ ਕਮਜ਼ੋਰ ਜੀਵਨ ਵਾਲੇ ਰਹਿੰਦੇ ਹਨ। ਉਹਨਾਂ ਵਾਸਤੇ ਜਨਮ ਮਰਨ ਦਾ ਦੁਖਦਾਈ ਗੇੜ ਬਣਿਆ ਰਹਿੰਦਾ ਹੈ। ਉਹ (ਵਿਕਾਰਾਂ ਦੇ) ਗੰਦ ਵਿਚ ਆਤਮਕ ਮੌਤ ਸਹੇੜ ਸਹੇੜ ਕੇ ਦੁਖੀ ਹੁੰਦੇ ਰਹਿੰਦੇ ਹਨ।2।

ਹੇ ਦਇਆਲ ਪ੍ਰਭੂ! ਹੇ ਸਰਨ ਪਏ ਦੀ ਰੱਖਿਆ ਕਰਨ ਵਾਲੇ ਪ੍ਰਭੂ! ਮੈਂ ਤੇਰੇ ਦਰ ਤੋਂ ਤੇਰਾ ਨਾਮ ਮੰਗਦਾ ਹਾਂ, ਮੈਨੂੰ ਇਹ ਦਾਤਿ ਬਖ਼ਸ਼। ਮੈਨੂੰ ਆਪਣੇ ਦਾਸਾਂ ਦਾ ਦਾਸ ਬਣਾਈ ਰੱਖ ਤਾਂ ਜੁ ਮੇਰਾ ਮਨ (ਤੇਰੇ ਨਾਮ ਵਿਚ ਜੁੜ ਕੇ) ਸਦਾ ਨਾਚ ਕਰਦਾ ਰਹੇ (ਸਦਾ ਆਤਮਕ ਆਨੰਦ ਮਾਣਦਾ ਰਹੇ)।3।

ਪ੍ਰਭੂ ਜੀ ਆਪ ਹੀ (ਨਾਮ ਦੀ ਰਾਸਿ-ਪੂੰਜੀ ਦੇਣ ਵਾਲੇ ਸਭ ਜੀਵਾਂ ਦੇ) ਵੱਡੇ ਸ਼ਾਹ ਹਨ ਮਾਲਕ ਹਨ। ਅਸੀਂ ਸਾਰੇ ਜੀਵ ਉਸ (ਸ਼ਾਹ) ਦੇ (ਭੇਜੇ ਹੋਏ) ਵਣਜਾਰੇ ਹਾਂ (ਵਪਾਰੀ ਹਾਂ)।

ਹੇ ਦਾਸ ਨਾਨਕ ਦੇ ਸਦਾ-ਥਿਰ ਸ਼ਾਹ ਤੇ ਪ੍ਰਭੂ! ਮੇਰਾ ਮਨ ਮੇਰਾ ਤਨ ਮੇਰੀ ਜਿੰਦ—ਇਹ ਸਭ ਕੁਝ ਤੇਰੀ ਬਖ਼ਸ਼ੀ ਹੋਈ ਰਾਸਿ-ਪੂੰਜੀ ਹੈ (ਮੈਨੂੰ ਆਪਣੇ ਨਾਮ ਦੀ ਦਾਤਿ ਭੀ ਬਖ਼ਸ਼)।4।3।17। 55।